**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ,
ਪੁੱਤਰ ਸ਼੍ਰੀ ਮਹਾਵੀਰ ਸਿੰਘ,
ਪਿੰਡ ਤੇ ਡਾਕਖਾਨਾ ਅਮਰਪੁਰਾ (ਵਹਾਬ ਵਾਲਾ),
ਤਹਿਸੀਲ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਡੀ.ਏ.ਵੀ. ਕਾਲਿਜ, ਅਬੋਹਰ,
ਜ਼ਿਲ੍ਹਾ ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ ਡੀ.ਏ.ਵੀ. ਮੈਨੇਜਿੰਗ ਕਮੇਟੀ,
ਡੀ.ਏ.ਵੀ. ਕਾਲਿਜ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਉੱਤਰਦਾਤਾ

**ਅਪੀਲ ਕੇਸ ਨੰ: 732/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਮਨਪ੍ਰੀਤ ਸਿੰਘ (98788-74798)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ (98156-67711)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-11-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਡੀ.ਏ.ਵੀ. ਕਾਲਿਜ, ਅਬੋਹਰ, ਜ਼ਿਲ੍ਹਾ ਫਾਜ਼ਿਲਕਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪ੍ਰਫੈਸਰ ਬ੍ਰਿਜ ਮੋਹਨ ਸ਼ਰਮਾ, ਦੀ ਮਿਤੀ 26-03-2018 ਦੀ ਹਾਜ਼ਰੀ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮਨਪ੍ਰੀਤ ਸਿੰਘ ਨੇ ਕਿਹਾ ਹੈ ਕਿ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ, ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਬਕੇਸ਼ ਕੁਮਾਰ (ਮੋਬ 76960-03777)
306, ਨਰਸਿੰਗ ਹੋਸਟਲ, ਫੇਸ-2,
ਸਰਕਾਰੀ ਮੈਡੀਕਲ ਕਾਲਿਜ ਤੇ ਹਸਪਤਾਲ
ਸੈਕਟਰ-32, ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਡੀਕਲ ਸੁਪਰਡੰਟ,
ਗੁਰੂ ਨਾਨਕ ਦੇਵ ਹਸਪਤਾਲ ਕੰਪਲੈਕਸ,
ਮਜੀਠਾ ਰੋਡ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੈਡੀਕਲ ਸੁਪਰਡੰਟ,
ਗੁਰੂ ਨਾਨਕ ਦੇਵ ਹਸਪਤਾਲ ਕੰਪਲੈਕਸ,
ਮਜੀਠਾ ਰੋਡ, ਅੰਮ੍ਰਿਤਸਰ। -------ਉੱਤਰਦਾਤਾ

**ਅਪੀਲ ਕੇਸ ਨੰ:735/2019**

**ਹਾਜ਼ਰ:-**

1) ਸ਼੍ਰੀ ਦਬਕੇਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਐਸ.ਕੇ. ਸ਼ਰਮਾ, ਮੈਡੀਕਲ ਅਫਸਰ (94170-46713) ਅਤੇ ਸ਼੍ਰੀ ਅਲੋਕ ਗੁਪਤਾ, ਜੂਨੀਅਰ ਸਹਾਇਕ (98159-32322)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਡੀਕਲ ਸੁਪਰਡੰਟ, ਗੁਰੂ ਨਾਨਕ ਦੇਵ ਹਸਪਤਾਲ ਕੰਪਲੈਕਸ, ਮਜੀਠਾ ਰੋਡ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਹਸਪਤਾਲ, ਅੰਮ੍ਰਿਤਸਰ ਦੇ ਨਰਸਿੰਗ ਸਟਾਫ ਨੂੰ ਦਿੱਤੀਆਂ ਜਾਣ ਵਾਲੀਆਂ ਛੁੱਟੀਆਂ ਅਤੇ ਉਨ੍ਹਾਂ ਦੇ ਸੇਵਾ ਨਿਯਮਾਂ ਆਦਿ ਨਾਲ ਸਬੰਧਤ 20 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਐਸ.ਕੇ. ਸ਼ਰਮਾ, ਮੈਡੀਕਲ ਅਫਸਰ ਦੱਸਿਆ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਮਿਤੀ 03-04-2019 ਨੂੰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:4679/ਆਰ.ਟੀ.ਆਈ., ਮਿਤੀ 05-04-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**735/2019

ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 01-05-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 15 **ਅਪ੍ਰੈਲ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਬਕੇਸ਼ ਕੁਮਾਰ (ਮੋਬ 76960-03777)
306, ਨਰਸਿੰਗ ਹੋਸਟਲ, ਫੇਸ-2,
ਸਰਕਾਰੀ ਮੈਡੀਕਲ ਕਾਲਿਜ ਤੇ ਹਸਪਤਾਲ
ਸੈਕਟਰ-32, ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਿਜ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਿਜ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:736/2019**

**ਹਾਜ਼ਰ:-**

1) ਸ਼੍ਰੀ ਦਬਕੇਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਰਾਜਿੰਦਰਾ ਹਸਪਤਾਲ,ਪਟਿਆਲਾ ਦੇ ਨਰਸਿੰਗ ਸਟਾਫ ਨੂੰ ਦਿੱਤੀਆਂ ਜਾਣ ਵਾਲੀਆਂ ਛੁੱਟੀਆਂ ਅਤੇ ਉਨ੍ਹਾਂ ਦੇ ਸੇਵਾ ਨਿਯਮਾਂ ਆਦਿ ਨਾਲ ਸਬੰਧਤ 20 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰ-ਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ,
ਪੁੱਤਰ ਸ਼੍ਰੀ ਮਹਾਵੀਰ ਸਿੰਘ,
ਪਿੰਡ ਤੇ ਡਾਕਖਾਨਾ ਅਮਰਪੁਰਾ (ਵਹਾਬ ਵਾਲਾ),
ਤਹਿਸੀਲ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਡੀ.ਏ.ਵੀ. ਕਾਲਿਜ, ਅਬੋਹਰ,
ਜ਼ਿਲ੍ਹਾ ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ ਡੀ.ਏ.ਵੀ. ਮੈਨੇਜਿੰਗ ਕਮੇਟੀ,
ਡੀ.ਏ.ਵੀ. ਕਾਲਿਜ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਉੱਤਰਦਾਤਾ

**ਅਪੀਲ ਕੇਸ ਨੰ: 741/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਮਨਪ੍ਰੀਤ ਸਿੰਘ (98788-74798)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ (98156-67711)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-11-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਡੀ.ਏ.ਵੀ. ਕਾਲਿਜ, ਅਬੋਹਰ, ਜ਼ਿਲ੍ਹਾ ਫਾਜ਼ਿਲਕਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਬ੍ਰਿਜ ਮੋਹਨ, ਵਾਸੀ ਪਿੰਡ ਅਮਰਪੁਰਾ, ਤਹਿਸੀਲ ਅਬੋਹਰ ਦੀ ਬਤੌਰ ਸਹਾਇਕ ਪ੍ਰੋਫੈਸਰ ਚੋਣ ਨਾਲ ਸਬੰਧ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮਨਪ੍ਰੀਤ ਸਿੰਘ ਨੇ ਕਿਹਾ ਹੈ ਕਿ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ, ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ਬੀਨਾ ਬੇਗਮ, (9888475101)
ਪਤਨੀ ਸ਼੍ਰੀ ਸਲੀਮ,
ਵਾਸੀ ਦਰਗਾਹ ਰੋਜ਼ਾ ਸ਼ਰੀਫ, ਲੱਖ ਦਾਤਾ,
ਲਾਲਾਂ ਵਾਲਾ ਪੀਰ, ਹਰੀਪੁਰ ਰੋਡ,
ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:184/2019**

**ਹਾਜ਼ਰ:-** 1) ਸ਼੍ਰੀਮਤੀ ਸ਼ਬੀਨਾ ਬੇਗਮ, ਸ਼ਿਕਾਇਤਕਰਤਾ ਸਮੇਤ ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 31-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਗੁਰਮੇਲ ਸਿੰਘ, ਰੀਡਰ/ਐਸ.ਪੀ. ਓਪਰੇਸ਼ਨ ਦੀ ਪੁਲਿਸ ਮਹਿਕਮੇ ਵਿੱਚ ਭਰਤੀ ਅਤੇ ਤੈਨਾਤੀ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 18-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:22-ਅਪੀਲ/ਆਰ.ਟੀ.ਆਈ., ਮਿਤੀ 13-04-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਓਨ੍ਹਾਂ ਵੱਲੋਂ ਆਪਣੇ ਪੱਤਰ ਨੰ:2328, ਮਿਤੀ 24-11-2018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ ਕਿ ਸ਼੍ਰੀ ਗੁਰਮੇਲ ਸਿੰਘ, ਰੀਡਰ ਜਿਨ੍ਹਾਂ ਬਾਰੇ ਸ਼ਿਕਾਇਤਕਰਤਾ ਵੱਲੋਂ ਸੂਚਨਾ ਮੰਗੀ ਗਈ ਸੀ, ਨੇ ਆਪਣੇ ਨਾਲ ਸਬੰਧਤ ਸੂਚਨਾ ਕਿਸੇ ਪ੍ਰਾਈਵੇਟ ਵਿਅਕਤੀ ਨੂੰ ਮੁਹੱਈਆ ਕਰਾਉਣ ਤੋਂ ਮਨ੍ਹਾ/ਇੰਨਕਾਰ ਕੀਤਾ ਹੈ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਨਹੀਂ ਹੈ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸ਼੍ਰੀ ਗੁਰਮੇਲ ਸਿੰਘ, ਰੀਡਰ ਦੀ ਨਿੱਜੀ ਸੂਚਨਾ ਨਹੀਂ ਸੀ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਸੂਚਨਾ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:**184/2019

ਮੁਹੱਈਆ ਕਰਾਉਣੀ ਬਣਦੀ ਸੀ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ।ਪਰੰਤੂ ਉੱਤਰਦਾਤਾ ਵੱਲੋਂ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 24-11-2018 ਨੂੰ ਸ਼ਿਕਾਇਤਕਰਤਾ ਨੂੰ ਜਵਾਬ ਭੇਜ਼ ਦਿੱਤਾ ਗਿਆ ਸੀ। ਇਸ ਕਰਕੇ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ ਸੀ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨੀ ਬਣਦੀ ਸੀ।ਫਿਰ ਵੀ ਸ਼ਿਕਾਇਤਕਰਤਾ ਵੱਲੋ ਹਾਜ਼ਰ ਨੁਮਾਇੰਦੇ ਦੀ ਬੇਨਤੀ ਅਨੁਸਾਰ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਵਿਸਥਾਰ-ਪੂਰਵਕ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕੀਤੀ ਜਾਵੇ।ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 15 **ਅਪ੍ਰੈਲ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ਬੀਨਾ ਬੇਗਮ, (9888475101)
ਪਤਨੀ ਸ਼੍ਰੀ ਸਲੀਮ,
ਵਾਸੀ ਦਰਗਾਹ ਰੋਜ਼ਾ ਸ਼ਰੀਫ, ਲੱਖ ਦਾਤਾ,
ਲਾਲਾਂ ਵਾਲਾ ਪੀਰ, ਹਰੀਪੁਰ ਰੋਡ,
ਸੰਗਰੂਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:185/2019**

**ਹਾਜ਼ਰ:-**
1) ਸ਼੍ਰੀਮਤੀ ਸ਼ਬੀਨਾ ਬੇਗਮ, ਸ਼ਿਕਾਇਤਕਰਤਾ ਸਮੇਤ ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 31-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀਆਂ ਦਰਖਾਸਤਾਂ, ਮਿਤੀ 28-03-2018, 17-05-2018, 08-10-2018 ਅਤੇ 23-10-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 11-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਸਿਮਰਨਜੀਤ ਸਿੰਘ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:24-ਅਪੀਲ/ਆਰ.ਟੀ.ਆਈ., ਮਿਤੀ 13-04-2019 ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਦੀਆਂ ਦਰਖਾਸਤਾਂ ਤੇ ਕੀਤੀ ਜਾ ਰਹੀ ਪੜਤਾਲ ਮੁਕੰਮਲ ਨਹੀਂ ਹੋਈ ਸੀ ਜਿਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2317, ਮਿਤੀ 10-11-2018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਦੀਆਂ ਦਰਖਾਸਤਾਂ ਤੇ ਪੜਤਾਲ ਮਿਤੀ 20-03-2019 ਨੂੰ ਮੁਕੰਮਲ ਹੋਣ ਉਪਰੰਤ ਉਨਾਂ ਵੱਲੋਂ ਸ਼ਿਕਾਇਤਕਰਤਾ ਨੂੰ ਰਜਿਸਟਰਡ ਪੱਤਰ, ਮਿਤੀ 28-03-2019 ਰਾਹੀਂ ਲਿਖਿਆ ਗਿਆ ਸੀ ਕਿ ਦਰਖਾਸਤਾਂ ਸਬੰਧੀ ਰਿਕਾਰਡ ਜ਼ਿਆਦਾ ਹੋਣ ਕਾਰਨ ਉਹ ਉਨ੍ਹਾਂ ਦੇ ਦਫ਼ਤਰ ਜਾ ਕੇ ਰਿਕਾਰਡ ਦੀਆਂ ਨਕਲਾਂ ਹਾਸਲ ਕਰ ਲੈਣ ਪਰੰਤੂ ਸ਼ਿਕਾਇਤਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਨਾਲ ਕੋਈ ਸੰਪਰਕ ਨਹੀਂ ਕੀਤਾ ਗਿਆ ਅਤੇ ਨਾ ਹੀ ਉਨ੍ਹਾਂ ਵੱਲੋਂ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਹੀ ਦਾਇਰ ਕੀਤੀ ਗਈ ਹੈ।

4. ਸ਼ਿਕਾਇਤਕਰਤਾ ਵੱਲੋ ਹਾਜ਼ਰ ਨੁਮਾਇੰਦੇ ਨੂੰ ਉੱਤਰਦਾਤਾ ਦੇ ਦਫ਼ਤਰ ਜਾ ਕੇ ਮੰਗੀ ਗਈ ਸੂਚਨਾ ਪ੍ਰਾਪਤ ਕਰਨ ਲਈ ਕਿਹਾ ਗਿਆ ਤਾਂ ਉਨ੍ਹਾਂ ਵੱਲੋਂ ਉੱਤਰਦਾਤਾ ਦੇ ਦਫ਼ਤਰ ਜਾਣ ਤੋਂ ਇੰਨਕਾਰ ਕੀਤਾ ਗਿਆ ਅਤੇ ਕਿਹਾ ਗਿਆ ਉੱਤਰਦਾਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਜਾਣ ਤੇ ਉਨ੍ਹਾਂ ਨਾਲ ਦੁਰ-ਵਿਹਾਰ ਕੀਤਾ ਜਾਂਦਾ ਹੈ। ਇਸ ਲਈ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਕਿ ਕਮਿਸ਼ਨ ਵਿਖੇ ਪੇਸ਼ੀ ਦੌਰਾਨ ਹੀ ਸੂਚਨਾ ਮੁਹੱਈਆ ਕਰਵਾਈ ਜਾਵੇ।

5. ਉੱਤਰਦਾਤਾ ਵੱਲੋਂ ਨਿਰਧਾਰਿਤ ਸਮੇਂ ਅੰਦਰ ਭਾਵ ਮਿਤੀ 10-11-2018 ਨੂੰ ਸ਼ਿਕਾਇਤਕਰਤਾ ਨੂੰ ਜਵਾਬ ਭੇਜ਼ ਦਿੱਤਾ ਗਿਆ ਸੀ। ਇਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ ਸੀ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨੀ ਬਣਦੀ ਸੀ।ਫਿਰ ਵੀ ਸ਼ਿਕਾਇਤਕਰਤਾ ਵੱਲੋ ਹਾਜ਼ਰ ਨੁਮਾਇੰਦੇ ਦੀ ਬੇਨਤੀ ਅਨੁਸਾਰ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਵਿਸਥਾਰ-ਪੂਰਵਕ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕੀਤੀ ਜਾਵੇ।ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 01-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.

# PUNJAB STATE INFORMATION COMMISSION
## Red Cross Building, Near Rose Garden,
## Sector 16, Chandigarh.

**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਜ਼ਸਕਰਨ ਸਿੰਘ ਸਿੱਧੂ,
ਵਾਰਡ ਨੰ:25,ਮੁੱਹਲਾ,
ਰਧਾੜਕਾ, ਮਾਨਸਾ-151505. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਾਈਸ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:2347/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਪੋਰਟਸ ਸਾਇੰਸ ਵਿਭਾਗ ਦੇ ਇਸ਼ਤਿਹਾਰ ਨੰ:1726/ਡੀ.ਪੀ.ਆਰ., ਮਿਤੀ 25/07/2013 ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 09-04-2019 ਰਾਹੀਂ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਨੂੰ ਇਹ ਕੇਸ ਕਿਸੇ ਹੋਰ ਬੈਂਚ ਕੋਲ ਤਬਦੀਲ ਕਰਾਉਣ ਲਈ ਬੇਨਤੀ ਕੀਤੀ ਗਈ ਸੀ ਪਰੰਤੂ ਇਹ ਈ.ਮੇਲ ਇਸ ਬੈਂਚ ਨੂੰ ਹੀ ਮਾਰਕ ਹੋ ਕੇ ਪ੍ਰਾਪਤ ਹੋਈ ਹੈ ਜਿਸ ਕਾਰਨ ਇਸ ਬੈਂਚ ਵੱਲੋਂ ਇਹ ਕੇਸ ਇਸੇ ਬੈਂਚ ਵੱਲੋਂ ਵਿਚਾਰਿਆ ਜਾ ਰਿਹਾ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ, ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ., ਮਿਤੀ 07-03-2018 ਰਾਹੀਂ ਮੰਗੀ ਗਈ ਸੂਚਨਾ ਦਾ ਜਵਾਬ ਪਹਿਲਾਂ ਹੀ ਆਪਣੇ ਪੱਤਰ ਨੰ:2889/ਐਸ.-।।।/201/18/ਆਰ.ਟੀ.ਆਈ. ਸੈੱਲ, ਮਿਤੀ 09-05-2018 ਰਾਹੀਂ ਰਜਿਸਟਰਡ ਡਾਕ ਦੁਆਰਾ ਅਪੀਲਕਰਤਾ ਨੂੰ ਭੇਜਿਆ ਜਾ ਚੁੱਕਾ ਹੈ। ਉਨ੍ਹਾਂ ਵੱਲੋਂ ਇਸ ਸਬੰਧੀ ਪੱਤਰ ਨੰ:5771/ਐਸ.-।।।-

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2347/2018**

/201/18/ਆਰ.ਟੀ.ਆਈ. ਸੈੱਲ, ਮਿਤੀ 06-09-2018 ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜਿਸ ਰਾਹੀਂ ਕਮਿਸ਼ਨ ਨੂੰ ਵੀ ਵਿਸਥਾਰ-ਪੂਰਵਕ ਸੂਚਿਤ ਕੀਤਾ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਕਮਿਸ਼ਨ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਨੂੰ ਗਹੁ ਨਾਲ ਘੋਖਿਆ ਗਿਆ ਹੈ। ਅਪੀਲਕਰਤਾ ਨੇ ਆਪਣੀ ਅਰਜ਼ੀ ਰਾਹੀਂ ਸਪੋਰਟਸ ਸਾਇੰਸ ਵਿਭਾਗ ਦੇ ਇਸ਼ਤਿਹਾਰ ਨੰ:1726/ਡੀ.ਪੀ.ਆਰ., ਮਿਤੀ 25/07/2013 ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਪੱਤਰ ਨੰ:2889/ਐਸ.-।।।/201/18/ਆਰ.ਟੀ.ਆਈ. ਸੈੱਲ, ਮਿਤੀ 09-05-2018 ਰਾਹੀਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਮਿਤੀ 25-07-2013 ਨੂੰ ਸਪੋਰਟਸ ਸਾਇੰਸ ਵਿਭਾਗ ਸਬੰਧੀ ਕੋਈ ਵਿਗਿਆਪਨ ਨਹੀਂ ਦਿੱਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਆਪਣੇ ਜਵਾਬ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਜਾਣਕਾਰੀ ਸਬੰਧੀ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਕੇਸ ਚੱਲ ਰਿਹਾ ਹੈ, ਜਾਣਕਾਰੀ ਅਤੇ ਇੰਸਪੈਕਸ਼ਨ ਤੀਜੀ ਧਿਰ ਨਾਲ ਸਬੰਧਤ ਹੋਣ ਕਰਕੇ ਆਰ.ਟੀ.ਆਈ. ਐਕਟ 2005 ਦੀ ਧਾਰਾ 2(ਐਨ)(।।) ਤਹਿਤ ਮੁਹੱਈਆ ਕਰਵਾਈ ਨਹੀਂ ਜਾ ਸਕਦੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਰਾਹੀਂ ਸੂਚਿਤ ਕੀਤਾ ਗਿਆ ਹੈ ਕਿ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਮਿਤੀ 25-07-2013 ਨੂੰ ਸਪੋਰਟਸ ਸਾਇੰਸ ਵਿਭਾਗ ਸਬੰਧੀ ਕੋਈ ਵਿਗਿਆਪਨ ਹੀ ਨਹੀਂ ਦਿੱਤਾ ਗਿਆ ਜਿਸ ਕਰਕੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਤਪੰਨ ਹੀ ਨਹੀਂ ਹੋਈ। ਇਸ ਸਥਿਤੀ ਦੇ ਸਨਮੁੱਖ ਅਪੀਲਕਰਤਾ ਵੱਲੋਂ ਪੇਸ਼ੀ ਕੀਤੀ ਗਈ ਆਰ.ਟੀ.ਆਈ., ਅਰਜ਼ੀ ਮਿਤੀ 07-03-2018 ਆਪਣੇ ਆਪ ਨਿਸਫਲ (Infructuous) ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਪਾਲ ਸਿੰਘ,
ਪੁੱਤਰ ਸ਼੍ਰੀ ਰਾਮ ਆਸਰਾ,
ਵਾਸੀ ਪਿੰਡ ਵਾਹਿਦਪੁਰ,
ਡਾਕਖਾਨਾ ਮੋਇਲਾ ਵਾਹਿਦਪੁਰ,
ਤਹਿਸੀਲ ਗੜ੍ਹਸ਼ੰਕਰ,
ਜ਼ਿਲ੍ਹਾ ਹੁਸ਼ਿਆਰਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। .........ਉੱਤਰਦਾਤਾ

**ਅਪੀਲ ਕੇਸ ਨੰ:3915 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਹਰਦੀਪ ਸਿੰਘ (97794-75432)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ (94174-75777)।

**ਹੁਕਮ:**

ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ: ਬੀ.ਏ.ਐਮ.ਕੇ.ਸੀ./7206, ਮਿਤੀ 12-04-2019 ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਇੰਡਸਟ੍ਰੀਅਲ ਟ੍ਰਿਬਿਊਨਲ ਵਿੱਚ ਕੇਸ ਕੀਤਾ ਹੋਇਆ ਹੈ ਜਿਸ ਦੀ ਸੁਣਵਾਈ ਮਿਤੀ 02-04-2019 ਲਈ ਨਿਸਚਿਤ ਸੀ ਅਤੇ ਹੁਣ ਉਸ ਕੇਸ ਦੀ ਸੁਣਵਾਈ ਦੀ ਅਗਲੀ ਮਿਤੀ 30-04-2019 ਨਿਸਚਿਤ ਹੋਈ ਹੈ !। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਮਾਣਯੋਗ ਹਾਈ ਕੋਰਟ ਵਿਖੇ ਵੀ ਕੇਸ ਦਾਇਰ ਕੀਤਾ ਹੋਇਆ ਹੈ ਜਿਸ ਦੀ ਸੁਣਵਾਈ ਦੀ ਅਗਲੀ ਮਿਤੀ 13-05-2019 ਨਿਸਚਿਤ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਹਥਲੇ ਕੇਸ ਵਿੱਚ ਇਸ ਮਿਤੀ ਤੋਂ ਬਾਅਦ ਅਗਲੀ ਪੇਸ਼ੀ ਲਈ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਮਾਮਲਾ ਸਬ-ਜੁਡਿਸ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦੀਪ ਸਿੰਘ,
ਪੁੱਤਰ ਸ਼੍ਰੀ ਬੂਝਾ ਸਿੰਘ,
ਵਾਸੀ ਪਿੰਡ ਭੰਮੀਆਂ,
ਡਾਕਖਾਨਾ ਤੇ ਤਹਿਸੀਲ ਗੜ੍ਹਸ਼ੰਕਰ,
ਜ਼ਿਲ੍ਹਾ ਹੁਸ਼ਿਆਰਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। .........ਉੱਤਰਦਾਤਾ

**ਅਪੀਲ ਕੇਸ ਨੰ:3916 ਆਫ਼ 2018**

**ਹਾਜ਼ਰ:-**

1) ਸ਼੍ਰੀ ਹਰਦੀਪ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ (94174-75777)।

**ਹੁਕਮ:**

ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ: ਬੀ.ਏ.ਐਮ.ਕੇ.ਸੀ./7206, ਮਿਤੀ 12-04-2019 ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਇੰਡਸਟ੍ਰੀਅਲ ਟ੍ਰਿਬਿਊਨਲ ਵਿੱਚ ਕੇਸ ਕੀਤਾ ਹੋਇਆ ਹੈ ਜਿਸ ਦੀ ਸੁਣਵਾਈ ਮਿਤੀ 02-04-2019 ਲਈ ਨਿਸਚਿਤ ਸੀ ਅਤੇ ਹੁਣ ਉਸ ਕੇਸ ਦੀ ਸੁਣਵਾਈ ਦੀ ਅਗਲੀ ਮਿਤੀ 30-04-2019 ਨਿਸਚਿਤ ਹੋਈ ਹੈ !। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਮਾਣਯੋਗ ਹਾਈ ਕੋਰਟ ਵਿਖੇ ਵੀ ਕੇਸ ਦਾਇਰ ਕੀਤਾ ਹੋਇਆ ਹੈ ਜਿਸ ਦੀ ਸੁਣਵਾਈ ਦੀ ਅਗਲੀ ਮਿਤੀ 13-05-2019 ਨਿਸਚਿਤ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਹਥਲੇ ਕੇਸ ਵਿੱਚ ਇਸ ਮਿਤੀ ਤੋਂ ਬਾਅਦ ਅਗਲੀ ਪੇਸ਼ੀ ਲਈ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਹੈ। ਮਾਮਲਾ ਸਬ-ਜੁਡਿਸ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ੈਰੀ ਬਾਂਸਲ, (96461-63350)
ਡਕਾਲਾ ਕਲੌਥ ਇੰਪੋਰੀਅਮ,
ਕ੍ਰਿਸ਼ਨਾ ਮਾਰਕਿਟ, ਸਮਾਣਾ,
ਜ਼ਿਲ੍ਹਾ ਪਟਿਆਲਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡੀਨ, ਇਨੰਚਾਰਜ,
ਪੰਜਾਬੀ ਯੂਨੀਵਰਸਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:3565 ਆਫ਼ 2018**

**ਹਾਜ਼ਰ:-**

1) ਸ਼੍ਰੀ ਸ਼ੈਰੀ ਬਾਂਸਲ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-07-2018, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2012 ਵਿੱਚ ਯੂਨੀਵਰਸਿਟੀ ਕਾਲਜ ਆਫ ਇੰਜੀਨੀਅਰਿੰਗ, ਪੰਜਾਬੀ ਯਨੀਵਰਸਿਟੀ, ਪਟਿਆਲਾ ਵਿਖੇ ਸ਼ੁਰੂ ਕੀਤੇ ਗਏ B.Tech-5 Year Integrated Management Course (Civil Engg.) ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 28-11-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 09-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 12-03-2019 ਤੇ ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਘੋਖਣ ਤੇ ਪਾਇਆ ਗਿਆ ਸੀ ਕਿ ਸੂਚਨਾ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ ਸਹੀ ਨਹੀਂ ਸੀ। ਇਸ ਲਈ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3565 ਆਫ਼ 2018**

ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸਪੱਸ਼ਟ ਸੂਚਨਾ ਮਹੱਈਆ ਕਰਵਾਈ ਜਾਵੇ ਕਿ ਬੀ-ਟੈਕ 5 ਸਾਲਾ ਇੰਨਟੈਗ੍ਰਟਿਡ ਮੈਨੇਜਮੈਂਟ ਕੋਰਸ (ਸਿਵਲ ਇੰਜੀਨੀਅਰਿੰਗ) ਕਿਸ ਅਧਿਕਾਰੀ ਦੇ ਹੁਕਮਾਂ ਨਾਲ ਤੇ ਕਦੋਂ ਸੁਰੂ ਕੀਤਾ ਗਿਆ ਅਤੇ ਇਸ ਕੋਰਸ ਲਈ ਕਿੰਨੀ ਫੀਸ ਤਹਿ ਕੀਤੀ ਗਈ ਹੈ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:2885/ਐਸ-1/723-18/ਆਰ.ਟੀ.ਆਈ. ਸੈੱਲ, ਮਿਤੀ 12-04-2019 ਪੇਸ਼ ਕਰਦੇ ਹੋਏ ਕਿਹਾ ਹੈ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 12-03-2019 ਅਨੁਸਾਰ ਪੱਤਰ ਨੰ:2847/ਐਸ-1/723-18/ਆਰ.ਟੀ.ਆਈ. ਸੈੱਲ, ਮਿਤੀ 10-04-2019 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਦਿੱਤੀ ਗਈ ਸੂਚਨਾ ਅਧੂਰੀ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 15 **ਅਪ੍ਰੈਲ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ (90410-04313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਬਠਿੰਡਾ। ------ਉੱਤਰਦਾਤਾ

**ਅਪੀਲ ਕੇਸ ਨੰ:4213 ਆਫ਼ 2018**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਵੱਛ ਅਭਿਆਨ ਤਹਿਤ ਨਗਰ ਕੌਂਸਿਲ ਮਾਨਸਾ ਦੇ ਅਧਿਕਾਰ ਖੇਤਰ ਵਿੱਚ ਹੋਣ ਵਾਲੀਆਂ ਡਸਟ-ਬਿੰਨਾਂ (Dust-bins) ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 05-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 20-03-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:919, ਮਿਤੀ 18-03-2019 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਦੁਆਰਾ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਹੋਈ ਹੈ। ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਵੀਰ ਕੌਰ ਵਾਲੀਆ,
ਪਤਨੀ ਲੇਟ ਸ਼੍ਰੀ ਅਸ਼ੋਕ ਵਾਲੀਆ,
ਮਕਾਨ ਨੰ:126, ਗਲੀ ਨੰ:5,
ਨੌਰਥ ਅਸਟੇਟ, ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 491/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ (70091-42020) ਰਾਹੀਂ ਭੇਜੀ ਗਈ ਈ.ਮੇਲ, ਮਿਤੀ 15-04-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦ ਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ਼ ਕੁਮਾਰ, (ਮੋਬ: 99148-70555)
ਪੁੱਤਰ ਸ਼੍ਰੀ ਦੇਵ ਰਾਜ,
ਵਾਰਡ ਨੰ:5 ਨੇੜੇ ਹਿੰਦ ਹਸਪਤਾਲ,
ਅਹਿਮਦਗੜ੍ਹ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਅਹਿਮਦਗੜ੍ਹ।

ਸ਼੍ਰੀ ਚੰਦਰ ਪ੍ਰਕਾਸ਼,
ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ,
ਅਹਿਮਦਗੜ੍ਹ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 88/2019**

**ਹਾਜ਼ਰ:-**

1) ਸ਼੍ਰੀ ਰਾਜੇਸ਼ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ, ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, (96468-27005)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਅਹਿਮਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗਊਸ਼ਾਲਾ ਅਹਿਮਦਗੜ੍ਹ ਨੂੰ ਦਿੱਤੇ ਗਏ ਸੀਵਰੇਜ਼ ਕੁਨੈਕਸ਼ਨ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 20-03-2019 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ, ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਅਹਿਮਦਗੜ੍ਹ ਨੇ ਆਪਣੇ ਪੱਤਰ ਨੰ:1167/2019/ਆਰ.ਟੀ.ਆਈ., ਮਿਤੀ 12-04-2019 ਰਾਹੀਂ ਹਲਫੀਆ-ਬਿਆਨ, ਮਿਤੀ 12-04-2019 ਪੇਸ਼ ਕੀਤਾ ਹੈ ਜਿਸ ਰਾਹੀਂ ਉਨ੍ਹਾਂ ਵੱਲੋਂ ਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ, ਮਿਤੀ 20-03-2019 ਦਾ ਜਵਾਬ ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ-ਕਮ- ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਅਹਿਮਦਗੜ੍ਹ ਵੱਲੋਂ ਆਪਣੇ ਜਵਾਬ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:88 ਆਫ਼ 2018**

ਰਾਹੀਂ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ, ਸ਼੍ਰੀ ਰਾਜੇਸ਼ ਕੁਮਾਰ ਵੱਲੋਂ ਨਗਰ ਕੌਂਸਿਲ ਵਿਖੇ ਵਾਰਡ ਨੰ:5 ਦੇ ਮੌਜੂਦਾ ਮਿਊਂਸਪਲ ਕੌਂਸਲਰ ਸ਼੍ਰੀ ਦੀਪਕ ਸ਼ਰਮਾ, ਮੌਜੂਦਾ ਪ੍ਰਧਾਨ ਸ਼੍ਰੀ ਸੁਰਾਜ ਮੁਹੰਮਦ ਅਤੇ ਸਾਬਕਾ ਪ੍ਰਧਾਨ ਸ਼੍ਰੀ ਰਵਿੰਦਰ ਪੁਰੀ, ਮੌਜੂਦਾ ਐਮ.ਸੀ. ਤੇ ਸ਼੍ਰੀ ਜਗਵੰਤ ਸਿੰਘ, ਸਾਬਕਾ ਮਿਊਂਸਪਲ ਕੌਂਸਲਰ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਅਤੇ ਟੈਕਨੀਕਲ ਸਟਾਫ ਦੀ ਹਾਜ਼ਰੀ ਵਿੱਚ ਜਾਤੀ ਤੌਰ ਤੇ ਇਹ ਫੈਸਲਾ ਕੀਤਾ ਗਿਆ ਸੀ ਕਿ ਨਗਰ ਕੌਂਸਿਲ ਵੱਲੋਂ ਉਨ੍ਹਾਂ ਦੀਆਂ ਗਲੀਆਂ ਵਿੱਚ ਫਰਸ਼ ਅਤੇ ਅੰਡਰ ਗਰਾਊਂਡ ਨਾਲੀਆਂ ਦੇ ਕੰਮ ਕਾਫ਼ੀ ਸਮੇਂ ਤੋਂ ਰੁਕੇ ਹੋਏ ਹਨ, ਉਹ ਸਭ ਤੋਂ ਪਹਿਲਾਂ ਪਹਿਲ ਦੇ ਅਧਾਰ ਤੇ ਸੁਰੂ ਕਰਵਾਏ ਜਾਣ।ਕੰਮ ਸੁਰੂ ਨਾ ਹੋਣ ਕਾਰਨ ਆਰ.ਟੀ.ਆਈ. ਰਾਹੀਂ ਸੂਚਨਾ ਮੰਗੀ ਗਈ ਸੀ ਅਤੇ ਜੇਕਰ ਨਗਰ ਕੌਂਸਿਲ ਇਨ੍ਹਾਂ ਗਲੀਆਂ ਵਿੱਚ ਕੰਮ ਸੁਰੂ ਕਰਵਾ ਦਿੱਤਾ ਜਾਵੇ ਤਾਂ ਉਸ ਵੱਲੋਂ ਆਰ.ਟੀ.ਆਈ. ਵਾਪਿਸ ਲੈ ਲਈ ਜਾਵੇਗੀ। ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਨਗਰ ਕੌਂਸਿਲ ਇਨ੍ਹਾਂ ਗਲੀਆਂ ਵਿੱਚ ਮਿਤੀ 12-11-2018 ਨੂੰ ਕੰਮ ਸੁਰੂ ਕਰ ਦਿੱਤਾ ਗਿਆ ਸੀ। ਨਾਲੀਆਂ ਦਾ ਕੰਮ ਹੋ ਚੁੱਕਾ ਹੈ ਜਿਸ ਦਾ ਐਮ.ਬੀ. ਨੰ:189 ਤੇ ਪੰਨਾ ਨੰ:87-88 ਉਪਰ ਕੰਮ ਦਾ ਇੰਦਰਾਜ਼ ਦਰਜ਼ ਹੈ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਇਸੇ ਕਾਰਨ ਆਰ.ਟੀ.ਆਈ.ਦਾ ਜਵਾਬ ਪੈਂਡਿੰਗ ਸੀ ਅਤੇ ਉਨ੍ਹਾਂ ਵੱਲੋਂ ਜਾਣ-ਬੁੱਝ ਕੇ ਕੋਈ ਦੇਰੀ ਨਹੀਂ ਕੀਤੀ ਗਈ। ਇਸ ਸਬੰਧੀ ਹਾਜ਼ਰ ਉੱਤਰਦਾਤਾ ਵੱਲੋਂ ਸ਼੍ਰੀ ਸੁਰਾਜ ਮੁਹੰਮਦ, ਪ੍ਰਧਾਨ ਨਗਰ ਕੌਂਸਿਲ, ਅਹਿਮਦਗੜ੍ਹ ਵੱਲੋਂ ਤਸਦੀਕ-ਸ਼ੁਦਾ ਸਰਟੀਫਿਕੇਟ ਵੀ ਪੇਸ਼ ਕੀਤਾ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਭਵਿੱਖ ਵਿੱਚ ਆਰ.ਟੀ.ਆਈ. ਐਕਟ, 2005 ਦੇ ਨਿਯਮਾਂ ਅਤੇ ਹਦਾਇਤਾਂ ਦਾ ਹਮੇਸ਼ਾ ਪਾਬੰਦ ਰਹਿਣ ਦਾ ਭਰੋਸਾ ਦਿੰਦੇ ਹੋਏ ਉਸ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਨੂੰ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਚੰਦਰ ਪ੍ਰਕਾਸ਼, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਅਹਿਮਦਗੜ੍ਹ ਵੱਲੋਂ ਪੇਸ਼ ਕੀਤਾ ਗਿਆ ਜਵਾਬ/ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਵਿਰੁੱਧ ਕਮਿਸ਼ਨ ਦੇ ਹੁਕਮ, ਮਿਤੀ 20-03-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮੇਵਾ ਸਿੰਘ, (94173-60789)
ਪੁੱਤਰ ਸ਼੍ਰੀ ਬੀਰਬਲ ਸਿੰਘ,
ਵਾਰਡ ਨੰ 3, ਉੱਡਤ ਰੋਡ, ਬੋਹਾ,
ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਬੋਹਾ, ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 1254 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਰਵੀ ਕੁਮਾਰ, ਕਾਰਜ ਸਾਧਕ ਅਫਸਰ, ਬੋਹਾ (96463-50091)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-06-2017, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਬੋਹਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉੱਡਤ ਰੋਡ, ਬੋਹਾ ਵਿਖੇ ਬੀ.ਐਸ.ਐਨ.ਐਲ. ਟਾਵਰ ਵਾਲੀ ਗਲੀ ਵਿੱਚ ਚੱਲ ਰਹੇ ਕੰਮਾਂ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 20-03-2019 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਈ.ਮੇਲ., ਮਿਤੀ 20-03-2019 ਰਾਹੀਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਦੱਸਿਆ ਗਿਆ ਸੀ ਕਿ ਉਸ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਮਿਤੀ 25-02-2019 ਨੂੰ ਰਜਿਸਟਰਡ ਡਾਕ ਰਾਹੀਂ ਭੇਜੇ ਗਏ ਪੱਤਰ ਦਾ ਕੋਈ ਜਵਾਬ ਨਹੀਂ ਦਿੱਤਾ ਗਿਆ। ਇਸ ਕਰਕੇ ਉਸਨੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਸੀ।

3. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਜੂਨੀਅਰ ਸਹਾਇਕ ਨੇ ਕਿਹਾ ਸੀ ਕਿ ਸ਼ਿਕਾਇਤਕਰਤਾ ਉਨ੍ਹਾਂ ਦੇ ਸੰਪਰਕ ਵਿੱਚ ਹੈ ਅਤੇ ਉਹ ਜਦੋਂ ਵੀ ਉਨ੍ਹਾਂ ਦੇ ਦਫ਼ਤਰ ਆਵੇਗਾ ਉਸ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਜਦੋਂ ਵੀ ਉਨ੍ਹਾਂ ਦੇ ਦਫ਼ਤਰ ਹਾਜ਼ਰ ਹੋਵੇ ਤਾਂ ਉਸ ਵਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਕੇ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਸ਼ਿਕਾਇਤਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ., ਮਿਤੀ 15-04-2019 ਰਾਹੀਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ: 1254 ਆਫ਼ 2018**

ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਹ ਮਿਤੀ 10-04-2019 ਨੂੰ ਉੱਤਰਦਾਤਾ ਦੇ ਦਫਤਰ ਗਿਆ ਸੀ ਪਰੰਤੂ ਕਾਰਜ ਸਾਧਕ ਅਫਸਰ ਮੌਜੂਦ ਨਹੀਂ ਸਨ। ਫਿਰ ਉਸ ਨੇ ਸ਼੍ਰੀ ਡੀ.ਸੀ. ਸਿੰਘ, ਜੂਨੀਅਰ ਸਹਾਇਕ ਨੂੰ ਮਿਲਣਾ ਚਾਹਿਆ ਤਾਂ ਉਹ ਵੀ ਹਾਜ਼ਰ ਨਹੀਂ ਸੀ। ਉਸ ਉਪਰੰਤ ਉਸ ਨੇ ਟੈਲੀਫੋਨ ਰਾਹੀਂ ਉੱਤਰਦਾਤਾ ਦੇ ਦਫ਼ਤਰ ਤੋਂ ਸੂਚਨਾ ਮੰਗੀ ਤਾਂ ਉਸ ਨੂੰ ਸੂਚਨਾ **ਨਹੀਂ** ਦਿੱਤੀ ਗਈ ਅਤੇ ਅਪਮਾਨਿਤ ਕੀਤਾ ਗਿਆ। ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਉੱਤਰਦਾਤਾ ਕੋਲੋਂ ਪੱਤਰ ਨੰ:360, ਮਿਤੀ 27-03-2019 ਪ੍ਰਾਪਤ ਹੋਇਆ ਹੈ ਪਰੰਤੂ ਇਸ ਪੱਤਰ ਨਾਲ ਉਸ ਨੂੰ ਪਹਿਲਾਂ ਵਾਲੀ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉਸ ਵੱਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ।

5. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰਵੀ ਕੁਮਾਰ, ਕਾਰਜ ਸਾਧਕ ਅਫਸਰ, ਬੋਹਾ **ਨੇ** ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 20-03-2019 ਅਨੁਸਾਰ ਸ਼ਿਕਾਇਤਕਰਤਾ ਉਨ੍ਹਾਂ ਦੇ ਦਫਤਰ ਸੂਚਨਾ ਲੈਣ ਨਹੀਂ ਆਇਆ। ਉਸ ਵੱਲੋਂ ਪੱਤਰ ਨੰ:360, ਮਿਤੀ 27-03-2019 ਦੀ ਦਫ਼ਤਰੀ ਕਾਪੀ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜਿਸ ਅਨੁਸਾਰ ਸ਼ਿਕਾਇਤਕਰਤਾ ਨੂੰ ਉਸ ਦੇ ਪੱਤਰ ਮਿਤੀ 25-02-2019 ਤੋਂ ਬਾਅਦ ਸੂਚ**ਨਾ** ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

6. ਉੱਤਰਦਾਤਾ ਵੱਲੋਂ ਪੱਤਰ ਨੰ:1899, ਮਿਤੀ 20-07-2017 ਅਤੇ ਪੱਤਰ ਨੰ:360, ਮਿਤੀ 27-03-2019 ਰਾਹੀਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340ਠ ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4272 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ (90410-04313)।

**ਹੁਕਮ:**

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ., ਮਿਤੀ 14-04-2019 ਰਾਹੀਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਤੋਂ ਛੋਟ ਮੰਗਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਕੇਸ ਕਿਸੇ ਹੋਰ ਬੈਂਚ ਕੋਲ ਤਬਦੀਲ ਕਰਾਉਣ ਵਾਸਤੇ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਨੂੰ ਪੇਸ਼ ਕੀਤੀ ਗਈ ਪ੍ਰਤੀਬੇਨਤੀ ਕਾਰਨ ਇਸ ਬੈਂਚ ਵੱਲੋਂ ਇਸ ਕੇਸ ਵਿੱਚ ਅਗਲੇਰੀ ਕਾਰਵਾਈ ਨਾ ਕੀਤੇ ਜਾਣ ਲਈ ਵੀ ਬੇਨਤੀ ਕੀਤੀ ਗਈ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 15 ਅਪ੍ਰੈਲ, 2019.**